**16ਵੀਂ ਵਿਧਾਨ ਸਭਾ**

**ਤੀਜਾ ਸਮਾਗਮ**

**ਪੰਜਾਬ ਵਿਧਾਨ ਸਭਾ**

ਬੁਲੇਟਿਨ ਨੰ: 4

ਸੋਮਵਾਰ, 03 ਅਕਤੂਬਰ, 2022

(02:00 ਵਜੇ ਬਾਅਦ ਦੁਪਹਿਰ ਤੋਂ 5:14 ਵਜੇ ਬਾਅਦ ਦੁਪਹਿਰ ਤੱਕ)

I. **ਧਿਆਨ ਦਿਵਾਊ ਨੋਟਿਸ**

1. ਮਿਸ ਨਰਿੰਦਰ ਕੌਰ ਭਰਾਜ, ਐਮ.ਐਲ.ਏ ਵੱਲੋਂ ਸਥਾਨਕ ਸਰਕਾਰ ਮੰਤਰੀ ਦਾ ਧਿਆਨ ਰਾਜ ਦੇ ਫਾਇਰ ਸਟੇਸ਼ਨਾਂ ਵਿੱਚ ਨਾਕਾਫੀ ਅਮਲੇ ਅਤੇ ਸਾਜ਼-ਸਮਾਨ ਵੱਲ ਦਿਵਾਇਆ ਗਿਆ। (ਨੰ:5)

   ਸਥਾਨਕ ਸਰਕਾਰ ਮੰਤਰੀ ਨੇ ਜਵਾਬ ਦਿੱਤਾ ।

2. ਡਾਕਟਰ ਸੁਖਵਿੰਦਰ ਕੁਮਾਰ ਸੁੱਖੀ, ਐਮ.ਐਲ.ਏ ਵੱਲੋਂ ਪਸ਼ੂ ਪਾਲਣ ਮੰਤਰੀ ਦਾ ਧਿਆਨ ਅਵਾਰਾ ਕੁੱਤਿਆਂ ਦੁਆਰਾ ਵੱਢਣ ਦੀਆਂ ਘਟਨਾਵਾਂ ਵਿੱਚ ਵਾਧਾ ਹੋਣ ਕਾਰਨ ਇਨ੍ਹਾਂ ਦੀ ਜਨਮ-ਦਰ ਤੇ ਕਾਬੂ ਪਾਉਣ ਅਤੇ ਸਰਕਾਰੀ ਹਸਪਤਾਲਾਂ ਵਿੱਚ ਢੁੱਕਵੇਂ ਇਲਾਜ ਦਾ ਪ੍ਰਬੰਧ ਕਰਨ ਦੀ ਜ਼ਰੂਰਤ ਵੱਲ ਦਿਵਾਇਆ ਗਿਆ। (ਨੰ:14)

   ਸਥਾਨਕ ਸਰਕਾਰ ਮੰਤਰੀ ਨੇ ਜਵਾਬ ਦਿੱਤਾ।

3. ਸ. ਕੁਲਜੀਤ ਸਿੰਘ ਰੰਧਾਵਾ, ਐਮ.ਐਲ.ਏ ਵੱਲੋਂ ਮਾਲ ਤੇ ਮੁੜ ਵਸੇਵਾ ਮੰਤਰੀ ਦਾ ਧਿਆਨ ਕਿਸਾਨਾਂ ਦੀ ਮੁਆਵਜ਼ੇ ਦੀ ਮੰਗ ਵੱਲ ਦਿਵਾਇਆ ਗਿਆ ਕਿਉਂਕਿ ਚਾਈਨੀਜ਼ ਵਾਇਰਸ (ਡਵਾਰਫ) ਨੇ ਉਨ੍ਹਾਂ ਦੀਆਂ ਝੋਨੇ ਦੀਆਂ ਫਸਲਾਂ ਨੂੰ ਨੁਕਸਾਨ ਪਹੁੰਚਾਇਆ ਹੈ, ਖਾਸ ਕਰਕੇ ਮੋਹਾਲੀ ਅਤੇ ਪਟਿਆਲਾ ਜਿਲ੍ਹਿਆਂ ਵਿੱਚ। (ਨੰ:20)

   ਮਾਲ, ਮੁੜ ਵਸੇਬਾ ਅਤੇ ਕੁਦਰਤੀ ਆਫਤਾਂ ਪ੍ਰਬੰਧਨ ਮੰਤਰੀ ਨੇ ਜਵਾਬ ਦਿੱਤਾ।

II. **ਨਿਯਮ 16 ਅਧੀਨ ਪ੍ਰਸਤਾਵ**

ਸੰਸਦੀ ਮਾਮਲੇ ਮੰਤਰੀ ਦੁਆਰਾ ਪੇਸ਼ ਕੀਤਾ ਗਿਆ ਨਿਮਨਲਿਖਤ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ:

"ਕਿ ਵਿਧਾਨ ਸਭਾ ਅੱਜ ਇਸ ਦੇ ਉੱਠ ਜਾਣ ਤੇ ਅਣਮਿੱਥੇ ਸਮੇਂ ਲਈ ਸਥੱਗਿਤ ਹੋ ਜਾਵੇਗੀ।

III. **ਸਦਨ ਨੂੰ ਥੋੜ੍ਹੇ ਸਮੇਂ ਲਈ ਸਥਗਿਤ ਕਰਨਾ**

ਸਦਨ ਵਿੱਚ ਸ਼ੋਰ ਸ਼ਰਾਬਾ ਹੋਣ ਕਾਰਨ ਮਾਨਯੋਗ ਸਪੀਕਰ ਵੱਲੋਂ ਸਦਨ 12.25 ਤੋਂ 12.40 ਵਜੇ ਬਾਅਦ ਦੁਪਹਿਰ ਤੱਕ ਸਥਗਿੱਤ ਕੀਤਾ ਗਿਆ।

IV. **ਵਿੱਤ ਮੰਤਰੀ ਵੱਲੋਂ ਸਵਾਗਤੀ ਐਲਾਨ**

ਵਿੱਤ ਮੰਤਰੀ ਵੱਲੋਂ, ਮਾਨਯੋਗ ਸਪੀਕਰ ਦੇ ਮਾਤਾ ਜੀ, ਸਰਦਾਰਨੀ ਗੁਰਮੇਲ ਕੌਰ ਜੀ ਦੇ ਸਦਨ ਵਿੱਚ ਹਾਜ਼ਰ ਹੋਣ ਬਾਰੇ ਸਦਨ ਨੂੰ ਜਾਣੂ ਕਰਵਾਇਆ ਗਿਆ ਅਤੇ ਸਮੂਹ ਸਦਨ ਵੱਲੋਂ ਉਨ੍ਹਾਂ ਨੂੰ ਜੀ ਆਇਆਂ ਕਿਹਾ ਗਿਆ।

V. **ਵਿਸ਼ਵਾਸ ਪ੍ਰਸਤਾਵ ਤੇ ਬਹਿਸ ਅਤੇ ਵੋਟਿੰਗ**

ਮੁੱਖ ਮੰਤਰੀ ਦੁਆਰਾ ਮਿਤੀ 27 ਸਤੰਬਰ, 2022 ਨੂੰ ਪੇਸ਼ ਕੀਤਾ ਗਿਆ ਨਿਮਨਲਿਖਤ ਵਿਸ਼ਵਾਸ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ:-

ਕਿ ਇਹ ਸਦਨ ਮੰਤਰੀ ਮੰਡਲ ਵਿੱਚ ਆਪਣਾ ਵਿਸ਼ਵਾਸ ਪ੍ਰਗਟ ਕਰਦਾ ਹੈ।

ਨਿਮਨਲਿਖਤ ਮੈਂਬਰਾਂ ਨੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:-

| | | |
|---|---|---|
| 1. | ਸ਼੍ਰੀ ਸ਼ੀਤਲ ਅੰਗੁਰਾਲ, ਆਮ ਆਦਮੀ ਪਾਰਟੀ | 12 ਮਿੰਟ |
| 2. | ਸ਼੍ਰੀ ਦਿਨੇਸ਼ ਕੁਮਾਰ ਚੱਢਾ, ਆਮ ਆਦਮੀ ਪਾਰਟੀ | 08 ਮਿੰਟ |
| 3. | ਸਰਦਾਰ ਮਨਪ੍ਰੀਤ ਸਿੰਘ ਇਆਲੀ, ਸ਼੍ਰੋਮਣੀ ਅਕਾਲੀ ਦਲ | 05 ਮਿੰਟ |

| | | |
|---|---|---|
| 4. | ਬੀਬਾ ਅਨਮੋਲ ਗਗਨ ਮਾਨ,<br>ਸੈਰ ਸਪਾਟਾ ਤੇ ਸਭਿਆਚਾਰ ਮਾਮਲੇ ਮੰਤਰੀ | 05 ਮਿੰਟ |
| 5. | ਪ੍ਰੋਫੈਸਰ ਜਸਵੰਤ ਸਿੰਘ ਗੱਜਣਮਾਜਰਾ, ਆਮ ਆਦਮੀ ਪਾਰਟੀ | 08 ਮਿੰਟ |
| 6. | ਪ੍ਰੋਫੈਸਰ ਬਲਜਿੰਦਰ ਕੌਰ, ਆਮ ਆਦਮੀ ਪਾਰਟੀ | 12 ਮਿੰਟ |
| 7. | ਸ. ਰੁਪਿੰਦਰ ਸਿੰਘ, ਆਮ ਆਦਮੀ ਪਾਰਟੀ | 07 ਮਿੰਟ |
| 8. | ਸ. ਤਰੁਨਪ੍ਰੀਤ ਸਿੰਘ ਸੌਂਦ, ਆਮ ਆਦਮੀ ਪਾਰਟੀ | 09 ਮਿੰਟ |
| 9. | ਸ੍ਰੀ ਜਗਦੀਪ ਕੰਬੋਜ ਗੋਲਡੀ, ਆਮ ਆਦਮੀ ਪਾਰਟੀ | 06 ਮਿੰਟ |
| 10. | ਸ੍ਰੀ ਬੁੱਧ ਰਾਮ, ਆਮ ਆਦਮੀ ਪਾਰਟੀ | 14 ਮਿੰਟ |
| 11. | ਸ. ਅੰਮ੍ਰਿਤਪਾਲ ਸਿੰਘ ਸੁਖਾਨੰਦ, ਆਮ ਆਦਮੀ ਪਾਰਟੀ | 03 ਮਿੰਟ |
| 12. | ਸ. ਗੁਰਦੇਵ ਸਿੰਘ ਦੇਵ ਮਾਨ, ਆਮ ਆਦਮੀ ਪਾਰਟੀ | 04 ਮਿੰਟ |
| 13. | ਸ. ਅਜੀਤਪਾਲ ਸਿੰਘ ਕੋਹਲੀ, ਆਮ ਆਦਮੀ ਪਾਰਟੀ | 04 ਮਿੰਟ |
| 14. | ਸ. ਅਮੋਲਕ ਸਿੰਘ, ਆਮ ਆਦਮੀ ਪਾਰਟੀ | 02 ਮਿੰਟ |
| 15. | ਸ. ਗੁਰਪ੍ਰੀਤ ਸਿੰਘ ਬਨਾਂਵਾਲੀ, ਆਮ ਆਦਮੀ ਪਾਰਟੀ | 01 ਮਿੰਟ |
| 16. | ਡਾ. ਨਛੱਤਰ ਪਾਲ, ਬਹੁਜਨ ਸਮਾਜ ਪਾਰਟੀ | 03 ਮਿੰਟ |
| 17. | ਸ. ਮਨਵਿੰਦਰ ਸਿੰਘ ਗਿਆਸਪੁਰਾ, ਆਮ ਆਦਮੀ ਪਾਰਟੀ | 03 ਮਿੰਟ |

ਵਿਸ਼ਵਾਸ ਪ੍ਰਸਤਾਵ ਤੇ ਹੋਈ ਬਹਿਸ ਦਾ ਜਵਾਬ ਦਿੰਦੇ ਸਮੇਂ ਮੁੱਖ ਮੰਤਰੀ 26 ਮਿੰਟ ਲਈ ਬੋਲੇ।

## VI <u>ਵਾਕ ਆਊਟ</u>

ਇੰਡੀਅਨ ਨੈਸ਼ਨਲ ਕਾਂਗਰਸ ਦੇ ਹਾਜ਼ਰ ਮੈਂਬਰ ਜ਼ੀਰੋ ਆਵਰ ਵਿੱਚ ਬੋਲਣ ਲਈ ਸਮਾਂ ਨਾ ਦੇਣ ਦੇ ਰੋਸ ਵਜੋਂ ਸਦਨ ਵਿੱਚੋਂ ਵਾਕ ਆਊਟ ਕਰ ਗਏ।

## VII <u>ਮੁੱਖ ਮੰਤਰੀ ਵੱਲੋਂ ਗੰਨੇ ਦਾ ਭਾਅ 380/- ਰੁਪਏ ਕੁਇੰਟਲ ਕਰਨ ਸਬੰਧੀ ਐਲਾਨ</u>

ਮੁੱਖ ਮੰਤਰੀ ਵੱਲੋਂ ਗੰਨੇ ਦਾ ਭਾਅ 360/- ਰੁਪਏ ਕੁਇੰਟਲ ਤੋਂ ਵਧਾ ਕੇ 380/- ਰੁਪਏ ਕੁਇੰਟਲ ਕਰਨ ਦਾ ਐਲਾਨ ਕੀਤਾ ਗਿਆ, ਜਿਸ ਨਾਲ ਪੰਜਾਬ ਦੇ ਖਜ਼ਾਨੇ ਵਿੱਚੋਂ 200 ਕਰੋੜ ਰੁਪਏ ਦਾ ਵਾਧੂ ਖਰਚਾ ਹੋਵੇਗਾ।

## VIII <u>ਮੁੱਖ ਮੰਤਰੀ ਵੱਲੋਂ ਮੋਹਾਲੀ ਏਅਰਪੋਰਟ ਦਾ ਨਾਮ ਸ਼ਹੀਦ ਭਗਤ ਸਿੰਘ ਦੇ ਨਾਮ ਤੇ ਰੱਖਣ ਲਈ ਕੇਂਦਰ ਸਰਕਾਰ ਦਾ ਧੰਨਵਾਦ</u>

ਸਾਰੇ ਪੰਜਾਬੀਆਂ ਅਤੇ ਦੇਸ਼ ਦੀ ਮੰਗ ਤੇ ਕੇਂਦਰ ਸਰਕਾਰ ਵੱਲੋਂ ਮੋਹਾਲੀ ਏਅਰਪੋਰਟ ਦਾ ਨਾਮ ਸ਼ਹੀਦ ਭਗਤ ਸਿੰਘ ਦੇ ਨਾਮ ਤੇ ਰੱਖਣ ਲਈ ਮੁੱਖ ਮੰਤਰੀ ਵੱਲੋਂ ਕੇਂਦਰ ਸਰਕਾਰ ਦਾ ਧੰਨਵਾਦ ਕੀਤਾ ਗਿਆ ਅਤੇ ਇਸ ਲਈ ਉਨ੍ਹਾਂ ਵੱਲੋਂ ਸਭ ਨੂੰ ਵਧਾਈ ਦਿੱਤੀ ਗਈ।

## IX <u>ਮੁੱਖ ਮੰਤਰੀ ਵੱਲੋਂ ਹਲਵਾਰਾ ਏਅਰਪੋਰਟ ਦਾ ਨਾਮ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਨਾਮ ਤੇ ਰੱਖਣ ਸਬੰਧੀ ਐਲਾਨ</u>

ਮੁੱਖ ਮੰਤਰੀ ਵੱਲੋਂ ਐਲਾਨ ਕੀਤਾ ਗਿਆ ਕਿ ਜਦੋਂ ਵੀ ਹਲਵਾਰਾ ਏਅਰਪੋਰਟ ਨੂੰ ਸਿਵਲ ਏਅਰਪੋਰਟ ਕਰਨ ਬਾਰੇ ਉਨ੍ਹਾਂ ਨੂੰ ਆਨ ਕਾਲ ਕੀਤਾ ਜਾਵੇਗਾ ਤਾਂ ਉਨ੍ਹਾਂ ਦੀ ਕੋਸ਼ਿਸ਼ ਰਹੇਗੀ ਕਿ ਇਸ ਦਾ ਨਾਮ ਸ਼ਹੀਦ ਕਰਤਾਰ ਸਿੰਘ ਸਰਾਭਾ ਜੀ ਦੇ ਨਾਮ ਤੇ ਰੱਖਿਆ ਜਾਵੇ।

## X ਮੁੱਖ ਮੰਤਰੀ ਵੱਲੋਂ ਐਸ.ਆਈ.ਟੀਜ਼ ਨੂੰ ਜਲਦੀ ਜਾਂਚ ਕਰਨ ਦੇ ਹੁਕਮ ਸਬੰਧੀ ਐਲਾਨ

ਮੁੱਖ ਮੰਤਰੀ ਵੱਲੋਂ ਐਲਾਨ ਕੀਤਾ ਗਿਆ ਕਿ ਜੋ ਪਿਛਲੀਆਂ ਸਰਕਾਰਾਂ ਵੱਲੋਂ ਐਸ.ਆਈ.ਟੀਜ਼ ਬਣਾਈਆਂ ਗਈਆਂ ਹਨ, ਉਨ੍ਹਾਂ ਨੂੰ ਜਲਦੀ ਜਾਂਚ ਕਰਨ ਦੇ ਹੁਕਮ ਦੇ ਰਹੇ ਹਾਂ। ਉਨ੍ਹਾਂ ਵੱਲੋਂ ਕਿਹਾ ਗਿਆ ਕਿ ਜੇਕਰ ਸਾਡਾ ਗੁਰੂ ਹੀ ਸਾਡੇ ਘਰ ਵਿੱਚ ਸੁਰੱਖਿਅਤ ਨਹੀਂ ਅਤੇ ਇੰਨੇ ਸਾਲਾਂ ਵਿੱਚ ਬੇਅਦਬੀ ਦੀ ਜਾਂਚ ਹੀ ਨਹੀਂ ਹੋ ਸਕੀ ਤਾਂ ਸਾਡੀ ਜ਼ਿੰਮੇਵਾਰੀ ਕੀ ਰਹਿ ਗਈ। ਉਨ੍ਹਾਂ ਨੇ ਭਰੋਸਾ ਦਿੱਤਾ ਕਿ ਖਾਸ ਤੌਰ ਤੇ ਕੋਟਕਪੂਰਾ, ਬਹਿਬਲ ਕਲਾਂ, ਬਰਗਾੜੀ ਵਾਲੇ ਕੇਸਾਂ ਵਿੱਚ ਅਫ਼ਸਰਾਂ ਦੀ ਡਿਊਟੀ ਲਗਾ ਕੇ ਇਸ ਦੀ ਜਾਂਚ ਜਲਦੀ ਕਰਵਾਈ ਜਾਵੇਗੀ ਅਤੇ ਕਿਸੇ ਵੀ ਅਹੁਦੇ ਤੇ ਰਹੇ ਜਾਂ ਕਿੰਨੇ ਵੀ ਰਸੂਖ਼ਦਾਰ ਦੋਸ਼ੀ ਹੋਣ, ਉਨ੍ਹਾਂ ਸਭ ਲਈ ਕਾਨੂੰਨ ਸਾਮਾਨ ਹੋਣਾ ਚਾਹੀਦਾ ਹੈ। ਮੁੱਖ ਮੰਤਰੀ ਵੱਲੋਂ ਇਹ ਵੀ ਯਤਨ ਕਰਨ ਦਾ ਆਸ਼ਵਾਸਨ ਦਿੱਤਾ ਗਿਆ ਕਿ ਮੁਲਾਜ਼ਮ ਪੱਕੇ ਕਰਨ ਸਬੰਧੀ ਜਾਂ ਬੇਅਦਬੀ ਵਰਗੇ ਸੰਗੀਨ ਜੁਰਮਾਂ ਸਬੰਧੀ ਫੈਸਲੇ ਲੈਣ ਸਮੇਂ ਆਉਂਦੀ ਕਿਸੇ ਵੀ ਕਾਨੂੰਨੀ ਅੜਚਣ ਵਿੱਚ ਸਰਕਾਰ ਇਨਸਾਫ਼ ਕਰੇਗੀ।

ਮਾਨਯੋਗ ਡਿਪਟੀ ਸਪੀਕਰ ਨੇ 03:16 ਵਜੇ ਬਾਅਦ ਦੁਪਹਿਰ ਤੋਂ 04:22 ਵਜੇ ਬਾਅਦ ਦੁਪਹਿਰ ਤੱਕ ਸਦਨ ਦੀ ਕੁਰਸੀ ਸੰਭਾਲੀ।

ਇਸ ਉਪਰੰਤ ਸਦਨ ਅਣਮਿੱਥੇ ਸਮੇਂ ਲਈ ਸਥੱਗਿਤ ਹੋ ਗਿਆ।

ਚੰਡੀਗੜ੍ਹ।
14 ਅਕਤੂਬਰ, 2022

ਸੁਰਿੰਦਰ ਪਾਲ,
ਸਕੱਤਰ।

Principal Chief Reporter
Punjab Vidhan Sabha
Chandigrah